**॥ ਜਪੁ ॥**

ਇਸ ਸਾਰੀ ਬਾਣੀ ਦਾ ਨਾਮ 'ਜਪੁ' ਹੈ।

**ਆਦਿ ਸਚੁ ਜੁਗਾਦਿ ਸਚੁ ॥ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥੧॥**

ਪਦਅਰਥ:- ਆਦਿ-ਮੁੱਢ ਤੋਂ। ਸਚੁ-ਹੋਂਦ ਵਾਲਾ। ਸ਼ਬਦ 'ਸਚੁ' ਸੰਸਕ੍ਰਿਤ ਦੇ 'ਸਤਯ' ਦਾ ਪ੍ਰਾਕ੍ਰਿਤ ਹੈ, ਜਿਸ ਦਾ ਧਾਤੂ 'ਅਸ' ਹੈ। 'ਅਸ' ਦਾ ਅਰਥ ਹੈ 'ਹੋਣਾ'। ਜੁਗਾਦਿ-ਜੁਗਾਂ ਦੇ ਮੁੱਢ ਤੋਂ। ਹੈ-ਭਾਵ, ਇਸ ਵੇਲੇ ਭੀ ਹੈ। ਨਾਨਕ-ਹੇ ਨਾਨਕ! ਹੋਸੀ-ਹੋਵੇਗਾ, ਰਹੇਗਾ।1।

ਅਰਥ:- ਹੇ ਨਾਨਕ! ਅਕਾਲ ਪੁਰਖ ਮੁੱਢ ਤੋਂ ਹੋਂਦ ਵਾਲਾ ਹੈ, ਜੁਗਾਂ ਦੇ ਮੁੱਢ ਤੋਂ ਮੌਜੂਦ ਹੈ। ਇਸ ਵੇਲੇ ਭੀ ਮੌਜੂਦ ਹੈ ਤੇ ਅਗਾਂਹ ਨੂੰ ਭੀ ਹੋਂਦ ਵਾਲਾ ਰਹੇਗਾ।1।

ਨੋਟ-ਇਹ ਸ਼ਲੋਕ ਮੰਗਲਾਚਰਨ ਵਜੋਂ ਹੈ। ਇਸ ਵਿਚ ਗੁਰੂ ਨਾਨਕ ਦੇਵ ਜੀ ਨੇ ਆਪਣੇ ਇਸ਼ਟ ਦਾ ਸਰੂਪ ਬਿਆਨ ਕੀਤਾ ਹੈ, ਜਿਸ ਦਾ ਜਪ ਸਿਮਰਨ ਕਰਨ ਦਾ ਉਪਦੇਸ਼ ਇਸ ਸਾਰੀ ਬਾਣੀ 'ਜਪੁ' ਵਿਚ ਕੀਤਾ ਗਿਆ ਹੈ।

ਇਸ ਤੋਂ ਅਗਾਂਹ ਬਾਣੀ 'ਜਪੁ' ਦਾ ਮਜ਼ਮੂਨ ਸ਼ੁਰੂ ਹੁੰਦਾ ਹੈ।